ਆਸਾ ਮਹਲਾ ੫ ॥ ਹਰਿ ਜਨ ਲੀਨੇ ਪ੍ਰਭੂ ਛਡਾਇ ॥ ਪ੍ਰੀਤਮ ਸਿਉ ਮੇਰੋ ਮਨੁ ਮਾਨਿਆ ਤਾਪੁ ਮੁਆ ਬਿਖੁ ਖਾਇ ॥੧॥ ਰਹਾਉ ॥ ਪਾਲਾ ਤਾਊ ਕਛੂ ਨ ਬਿਆਪੈ ਰਾਮ ਨਾਮ ਗੁਨ ਗਾਇ ॥ ਡਾਕੀ ਕੋ ਚਿਤਿ ਕਛੂ ਨ ਲਾਗੈ ਚਰਨ ਕਮਲ ਸਰਨਾਇ ॥ ੧॥ ਸੰਤ ਪ੍ਰਸਾਦਿ ਭਏ ਕਿਰਪਾਲਾ ਹੋਏ ਆਪਿ ਸਹਾਇ ॥ ਗੁਨ ਨਿਧਾਨ ਨਿਤਿ ਗਾਵੈ ਨਾਨਕੁ ਸਹਸਾ ਦੁਖੁ ਮਿਟਾਇ ॥੨॥੩੧॥ {ਪੰਨਾ 378}

ਪਦਅਰਥ:- ਹਰਿ ਜਨ—ਪਰਮਾਤਮਾ ਦੇ ਭਗਤ। ਛਡਾਇ ਲੀਨੇ—ਬਚਾ ਲਏ ਹਨ। ਸਿਉ—ਨਾਲ। ਤਾਪੁ—(ਮਾਇਆ ਦੇ ਮੋਹ ਦਾ) ਤਾਪ। ਬਿਖੁ—ਜ਼ਹਰ। ਬਿਖੁ ਖਾਇ—ਜ਼ਹਰ ਖਾ ਕੇ।1। ਰਹਾਉ।

ਤਾਊ—ਤਾਉ, ਤਾਪ {ਨੋਟ:- ਇਸ ਸ਼ਬਦ ਵਿਚ ਮਾਇਆ ਦੇ ਪ੍ਰਭਾਵ ਨੂੰ ਮਲੇਰੀਏ ਤਾਪ ਨਾਲ ਉਪਮਾ ਦਿੱਤੀ ਹੈ। ਮਲੇਰੀਏ ਵਿਚ ਪਹਿਲਾਂ ਕਾਂਬਾ ਛਿੜਦਾ ਹੈ ਤੇ ਭਾਰੇ ਕੱਪੜਿਆਂ ਦੀ ਲੋੜ ਪੈਂਦੀ ਹੈ। ਫਿਰ ਫੂਕ ਕੇ ਤਾਪ ਚੜ੍ਹ ਜਾਂਦਾ ਹੈ}। ਪਾਲਾ ਤਾਊ ਕਛੂ ਨ—ਨਾਹ ਕਾਂਬਾ ਨਾਹ ਤਾਪ (ਨਾਹ ਮਾਇਆ ਦਾ ਲਾਲਚ ਅਤੇ ਨਾਹ ਕੋਈ ਸਹਮ)। ਨ ਬਿਆਪੈ—ਜ਼ੋਰ ਨਹੀਂ ਪਾ ਸਕਦਾ। ਡਾਕੀ ਕੋ ਕਛੂ—ਮਾਇਆ ਡੈਣ ਦਾ ਕੁਝ ਭੀ (ਪ੍ਰਭਾਵ)। ਚਿਤਿ—ਚਿੱਤ ਉਤੇ।1।

ਸੰਤ—ਗੁਰੂ। ਪ੍ਰਸਾਦਿ—ਕਿਰਪਾ ਨਾਲ। ਸਹਾਇ—ਸਹਾਈ। ਨਿਧਾਨ—ਖ਼ਜ਼ਾਨੇ। ਸਹਸਾ—ਸਹਮ।2।

ਅਰਥ:- (ਹੇ ਭਾਈ!) ਪਰਮਾਤਮਾ ਆਪਣੇ ਭਗਤਾਂ ਨੂੰ (ਮਾਇਆ-ਡੈਣ ਦੇ ਪੰਜੇ ਤੋਂ) ਆਪ ਬਚਾ ਲੈਂਦਾ ਹੈ। (ਗੁਰੂ ਦੀ ਕਿਰਪਾ ਨਾਲ) ਮੇਰਾ ਮਨ ਭੀ ਪ੍ਰੀਤਮ-ਪਰਮਾਤਮਾ ਨਾਲ ਗਿੱਝਿਆ ਹੈ, ਮੇਰਾ ਭੀ (ਮਾਇਆ ਦਾ) ਤਾਪ (ਇਉਂ) ਮੁੱਕ ਗਿਆ ਹੈ (ਜਿਵੇਂ ਕੋਈ ਪ੍ਰਾਣੀ) ਜ਼ਹਰ ਖਾ ਕੇ ਮਰ ਜਾਂਦਾ ਹੈ।1। ਰਹਾਉ।

(ਹੇ ਭਾਈ!) ਪਰਮਾਤਮਾ ਦੇ ਸੋਹਣੇ ਚਰਨਾਂ ਦਾ ਆਸਰਾ ਲਿਆਂ (ਮਨੁੱਖ ਦੇ) ਚਿੱਤ ਤੇ (ਮਾਇਆ-) ਡੈਣ ਦਾ ਕੋਈ ਜ਼ੋਰ ਨਹੀਂ ਚੜ੍ਹਦਾ। ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾ ਗਾ ਕੇ ਨਾਹ ਮਾਇਆ ਦਾ ਲਾਲਚ ਜ਼ੋਰ ਪਾ ਸਕਦਾ ਹੈ, ਨਾਹ ਮਾਇਆ ਦਾ ਸਹਮ ਦਬਾਉ ਪਾਂਦਾ ਹੈ।1।

(ਹੇ ਭਾਈ!) ਗੁਰੂ ਦੀ ਕਿਰਪਾ ਨਾਲ (ਪਰਮਾਤਮਾ ਮੇਰੇ ਉਤੇ) ਦਇਆਵਾਨ ਹੋ ਗਿਆ ਹੈ (ਮਾਇਆ ਡੈਣ ਤੋਂ ਬਚਣ ਲਈ ਮੇਰਾ) ਆਪ ਸਹਾਈ ਬਣਿਆ ਹੋਇਆ ਹੈ। ਹੁਣ (ਗੁਰੂ ਦੀ ਕਿਰਪਾ ਨਾਲ) ਨਾਨਕ (ਮਾਇਆ ਦਾ) ਸਹਮ ਤੇ ਦੁੱਖ ਦੂਰ ਕਰ ਕੇ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਦੇ ਗੁਣ ਸਦਾ ਗਾਂਦਾ ਰਹਿੰਦਾ ਹੈ।2। 31।